ਨੰ:2/29/2008-2ਸਿ:3/8466

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3-ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਮਾਨਵ ਮੰਗਲ ਸਮਾਰਟ ਸਕੂਲ,ਫੇਜ਼-10,
ਮੁਹਾਲੀ (ਪੰਜਾਬ)।

ਮਿਤੀ ਚੰਡੀਗੜ੍ਹ 1-4-08.

ਵਿਸ਼ਾ:- ਮਾਨਵ ਮੰਗਲ ਸਮਾਰਟ ਸਕੂਲ,ਫੇਜ਼-10, ਮੁਹਾਲੀ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਮੁਹਾਲੀ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।